## Poster Making Competition by Unnat Bharat Abhiyan

Unnat Bharat Abhiyan organized online poster making competition to raise awareness regarding Covid-19 on August 15th, 2021. In Punjab and Chandigarh (NITTTR Chandigarh) region, Our Student Ramandeep Singh (BA Sem III) of Sri Guru Teg Bahadur Khalsa College, Sri Anandpur Sahib Scored First position. College Principal Dr. Jasvir Singh appreciated the efforts of the Fine Arts Department and congratulated Ramandeep Singh for his brilliant achievement.



ਦਾ ਟਾਈਮਜ਼ ਆਫ਼ ਪੰਜਾਬ

# ਸ੍ਰੀ ਗੁਰੂ ਤੇਗ ਬਹਾਦੁਰ ਖਾਲਸਾ ਕਾਲਜ ਦੇ ਵਿਦਿਆਰਥੀ ਰਮਨਦੀਪ ਸਿੰਘ ਨੇ ਪੰਜਾਬ ਅਤੇ ਚੰਡੀਗੜ੍ਹ ਰਿਜਨ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ

ਸ੍ਰੀ ਅਨੰਦਪੁਰ ਸਾਹਿਬ, 16 ਅਗਸਤ (ਦਵਿੰਦਰਪਾਲ ਸਿੰਘ/ਰਾਜ ਘਈ)

ਸਥਾਨਕ ਸ੍ਰੀ ਗੁਰੂ ਤੇਗ ਬਹਾਦੁਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੇ ਵਿਦਿਆਰਥੀ ਰਮਨਦੀਪ ਸਿੰਘ ਨੇ ਮੁਕਾਬਲਿਆਂ ਵਿੱਚ ਅਵੱਲ ਰਹਿ ਕੇ ਕਾਲਜ ਦਾ ਨਾਮ ਰੌਸ਼ਨ ਕੀਤਾ। ਉੱਨਤ ਭਾਰਤ ਅਭਿਆਨ ਵੱਲੋਂ ਪੂਰੇ ਭਾਰਤ ਵਿੱਚ ਕਰਵਾਏ ਗਏ ਪੋਸਟਰ ਮੇਕਿੰਗ ਮੁਕਾਬਲੇ ਵਿੱਚ ਰਮਨਦੀਪ ਸਿੰਘ ਨੇ ਰਿਜਨ ਪੰਜਾਬ ਅਤੇ ਚੰਡੀਗੜ੍ਹ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਜੋ ਕਿ ਕਾਲਜ ਲਈ ਬਹੁਤ ਮਾਣ ਦੀ ਗੱਲ ਹੈ। ਇਸਤੋਂ ਇਲਾਵਾ ਜੁਲਾਈ ਮਹੀਨੇ ਵਿੱਚ ਯੁਵਕ ਭਲਾਈ ਵਿਭਾਗ ਵੱਲੋਂ ਭਾਰਤ ਦੀ 75ਵੀਂ ਵਰੇਗੰਢ ਨੂੰ ਸਮਰਪਿਤ ਕਰਵਾਏ ਗਏ ਆਨਲਾਈਨ ਸਲੋਗਨ ਲੇਖਣ ਮੁਕਾਬਲੇ ਵਿੱਚ ਵੀ ਰਮਨਦੀਪ ਸਿੰਘ ਨੇ ਪਹਿਲਾ ਸਥਾਨ ਹਾਸਿਲ ਕਰਕੇ ਕਾਲਜ ਦੀ ਸ਼ਾਨ ਵਿੱਚ ਵਾਧਾ ਕੀਤਾ। ਇਸ ਸੰਬੰਧੀ ਗੱਲ ਕਰਦਿਆਂ ਕਾਲਜ ਪ੍ਰਿੰਸੀਪਲ ਡਾ:ਜਸਵੀਰ ਸਿੰਘ ਨੇ ਕਿਹਾ ਕਿ ਕਾਲਜ ਵੱਲੋਂ ਹਮੇਸ਼ਾਂ ਹੀ ਆਪਣੇ ਵਿਦਿਆਰਥੀਆਂ ਨੂੰ ਵੱਖ-ਵੱਖ ਕਲਾਤਮਿਕ ਅਤੇ ਰਚਨਾਤਮਿਕ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ ਤਾਂ ਜੋ ਭਵਿੱਖ ਵਿੱਚ ਉਹਨਾਂ ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੇ ਮੌਕੇ ਪ੍ਰਦਾਨ ਕੀਤੇ ਜਾ ਸਕਣ।ਇਸ ਮੌਕੇ ਪ੍ਰਿੰਸੀਪਲ ਸਾਹਿਬ ਨੇ ਜੇਤੂ ਵਿਦਿਆਰਥੀ ਅਤੇ ਵਿਦਿਆਰਥੀਆਂ ਦੀ ਯੋਗ ਅਗਵਾਈ ਕਰਨ ਲਈ ਡੀਨ ਕਲਚਰਲ ਅਤੇ ਫਾਇਨ ਆਰਟਸ ਵਿਭਾਗ ਨੂੰ ਵਧਾਈ ਦਿੱਤੀ। ਕਾਲਜ ਪ੍ਰਿੰਸੀਪਲ ਡਾ:ਜਸਵੀਰ ਸਿੰਘ ਜੀ ਵੱਲੋਂ ਜੇਤੂ ਵਿਦਿਆਰਥੀ ਰਮਨਦੀਪ ਸਿੰਘ ਨੂੰ ਸਨਮਾਨਿਤ ਕੀਤਾ ਗਿਆ ਅਤੇ ਇਸ ਮੌਕੇ ਉੱਥੇ ਡੀਨ ਕਲਚਰਲ ਪ੍ਰੋ:ਹਰਜਿੰਦਰ ਸਿੰਘ ਬਲੱਗਿ, ਡਿਪਟੀ ਡੀਨ ਕਲਚਰਲ ਪ੍ਰੋ:ਜੇ.ਪੀ ਸਿੰਘ, ਡਿਪਟੀ ਡੀਨ ਕਲਚਰਲ ਪ੍ਰੋ:ਪ੍ਰਭਜੋਤ ਕੌਰ ਅਤੇ ਪ੍ਰੋ:ਕਮਲ ਕੁਮਾਰ (ਕੋਆਰਡੀਨੇਟਰ ਉੱਨਤ ਭਾਰਤ ਅਭਿਆਨ) ਵੀ ਹਾਜ਼ਰ ਸਨ।